# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 04-10-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਹੁਣ ਤੋਂ ਥੋੜੀ ਦੇਰ ਬਾਅਦ, ਨਵੀਂ ਦਿੱਲੀ ਵਿੱਚ ਕੌਟਿਲਿਆ ਆਰਥਿਕ ਸੰਮੇਲਨ ਨੂੰ ਸੰਬੋਧਨ ਕਰਨਗੇ।
- ਹਰਿਆਣਾ ਵਿਧਾਨ ਸਭਾ ਚੋਣਾਂ ਲਈ, ਭਲਕੇ ਹੋਣ ਵਾਲੀ ਵੋਟਿੰਗ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ।
- ਪੰਜਾਬ ਦੇ ਉਦਯੋਗ ਤੇ ਵਣਜ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵਲੋਂ ਸੂਬੇ 'ਚ ਉਦਯੋਗਾਂ ਲਈ ਹੋਰ ਸੁਖਾਵਾਂ ਮਾਹੌਲ ਬਣਾਉਣ ਦੇ ਨਿਰਦੇਸ਼ ।
- ਪੰਜਾਬ ਸਰਕਾਰ ਵਲੋਂ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਕਿਸਾਨਾਂ ਨੂੰ ਲਗਾਤਾਰ ਪ੍ਰੇਰਿਤ ਕੀਤਾ ਜਾ ਰਿਹਾ ਏ ।
- ਪੰਜਾਬ ਪੁਲਿਸ ਨੇ ਕੌਮਾਂਤਰੀ ਡਰੱਗ ਸਿੰਡੀਕੇਟ ਦਾ ਪਰਦਾਫਾਸ਼ ਕਰਦਿਆਂ ਡੇਢ ਕਿਲੋ ਹੈਰੋਇਨ ਸਮੇਤ ਦੋ ਮੁਲਜ਼ਮ ਕਾਬੂ ਕੀਤੇ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਹੁਣ ਤੋਂ ਥੋੜ੍ਹੀ ਦੇਰ ਬਾਅਦ, ਨਵੀਂ ਦਿੱਲੀ ਵਿੱਚ ਕੌਟਿਲਿਆ ਆਰਥਿਕ ਸੰਮੇਲਨ ਨੂੰ ਸੰਬੋਧਨ ਕਰਨਗੇ । ਇਹ ਸੰਮੇਲਨ 6 ਅਕਤੂਬਰ ਤੱਕ ਚੱਲੇਗਾ। ਭਾਰਤੀ ਅਤੇ ਅੰਤਰ-ਰਾਸ਼ਟਰੀ ਵਿਦਵਾਨ ਅਤੇ ਨੀਤੀ ਨਿਰਮਾਤਾ, ਭਾਰਤੀ ਅਰਥ-ਵਿਵਸਥਾ ਅਤੇ ਆਲਮੀ ਦੱਖਣ ਦੀਆਂ ਅਰਥ-ਵਿਵਸਥਾਵਾਂ ਨੂੰ ਦਰਪੇਸ਼ ਕੁਝ ਮਹੱਤਵਪੂਰਨ ਮੁੱਦਿਆਂ 'ਤੇ ਚਰਚਾ ਕਰਨਗੇ । ਸੰਮੇਲਨ ਵਿਚ ਦੁਨੀਆ ਭਰ ਦੇ ਬੁਲਾਰੇ ਹਿੱਸਾ ਲੈਣਗੇ।

---

ਹਰਿਆਣਾ ਵਿੱਚ ਵਿਧਾਨ ਸਭਾ ਚੋਣਾਂ ਲਈ ਭਲਕੇ ਹੋਣ ਵਾਲੀ ਵੋਟਿੰਗ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਨੇ । ਵੋਟਿੰਗ ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਤੱਕ ਚੱਲੇਗੀ । 90 ਮੈਂਬਰੀ ਵਿਧਾਨ ਸਭਾ ਚੋਣਾਂ ਵਿੱਚ ਇੱਕ ਹਜ਼ਾਰ 31 ਉਮੀਦਵਾਰ ਮੈਦਾਨ ਵਿੱਚ ਨੇ। ਹਰਿਆਣਾ ਦੇ ਮੁੱਖ ਚੋਣ ਅਧਿਕਾਰੀ ਪੰਕਜ ਅਗਰਵਾਲ ਨੇ ਦੱਸਿਆ ਕਿ ਇਨ੍ਹਾਂ ਵਿੱਚ 464 ਆਜ਼ਾਦ ਉਮੀਦਵਾਰ ਨੇ । ਸੂਬੇ

ਵਿੱਚ 2 ਕਰੋੜ 3 ਲੱਖ 54 ਹਜ਼ਾਰ ਤੋਂ ਵੱਧ ਵੋਟਰ ਨੇ। ਉਨ੍ਹਾਂ ਦਸਿਆ ਕਿ ਚੋਣਾਂ ਨੂੰ ਸੁਚਾਰੂ ਢੰਗ ਨਾਲ ਕਰਵਾਉਣ ਲਈ, ਕੁੱਲ 20 ਹਜ਼ਾਰ 632 ਪੋਲਿੰਗ ਸਟੇਸ਼ਨ ਬਣਾਏ ਗਏ ਨੇ।

---------------------------------------------------------------------

ਪੰਜਾਬ ਦੇ ਪੂੰਜੀ ਨਿਵੇਸ਼ ਪ੍ਰੋਤਸਾਹਨ ਅਤੇ ਉਦਯੋਗ ਤੇ ਵਣਜ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਸੂਬੇ ਵਿਚ ਉਦਯੋਗਾਂ ਲਈ ਹੋਰ ਸੁਖਾਵਾਂ, ਪਾਰਦਰਸ਼ੀ ਤੇ ਦਿੱਕਤ ਰਹਿਤ ਮਾਹੌਲ ਬਣਾਉਣ ਲਈ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਨੇ। ਚੰਡੀਗੜ੍ਹ ਦੇ ਉਦਯੋਗ ਭਵਨ ਵਿਖੇ ਵੱਖ ਵੱਖ ਵਿਭਾਗਾਂ ਦੇ ਉੱਚ ਅਧਿਕਾਰੀਆਂ ਦੀ ਸਮੀਖਿਆ ਮੀਟਿੰਗ ਦੌਰਾਨ ਉਨ੍ਹਾਂ ਨੇ ਕਿਹਾ ਕਿ ਉਦਯੋਗਾਂ ਨਾਲ ਸਬੰਧਤ ਸਰਕਾਰੀ ਸਕੀਮਾਂ, ਨੀਤੀਆਂ ਤੇ ਯੋਜਨਾਵਾਂ ਹੇਠਲੇ ਪੱਧਰ ਦੇ ਉਦਯੋਗਾਂ ਤੱਕ ਪਹੁੰਚਾਉਣ ਲਈ ਹੋਰ ਹੰਭਲੇ ਮਾਰਨ ਅਤੇ ਛੋਟੇ ਅਤੇ ਮੱਧਮ ਵਰਗ ਦੇ ਉਦਯੋਗਾਂ ਲਈ ਵੀ ਕਾਰਗਰ ਕਦਮ ਉਠਾਉਣ ਦੀ ਬਹੁਤ ਜ਼ਰੂਰਤ ਏ। ਉਨ੍ਹਾਂ ਕਿਹਾ ਕਿ ਅਜਿਹੀਆਂ ਬਹੁਤ ਸਾਰੀਆਂ ਕੇਂਦਰੀ ਤੇ ਸੂਬਾਈ ਸਯੋਜਨਾਵਾਂ ਨੇ ਜਿਨ੍ਹਾਂ ਦੀ ਜਾਣਕਾਰੀ ਬਹੁਤੇ

ਸਨਅਤਕਾਰਾਂ ਨੂੰ ਨਾ ਹੋਣ ਕਰਕੇ ਉਹ ਇਨ੍ਹਾਂ ਦਾ ਲਾਹਾ ਲੈਣ ਤੋਂ ਵਾਂਝੇ ਰਹਿ ਜਾਂਦੇ ਹਨ। ਉਨ੍ਹਾਂ ਕਿਹਾ ਕਿ ਇਨਾ ਬਾਰੇ ਆਨਲਾਈਨ ਜਾਣਕਾਰੀ ਮੁਹੱਈਆ ਕਰਵਾਈ ਜਾਵੇ ਤਾਂ ਜੋ ਕੋਈ ਵੀ ਸਨਅਤਕਾਰ ਇੱਕ ਕਲਿੱਕ ਨਾਲ ਇਨ੍ਹਾਂ ਦੀ ਜਾਣਕਾਰੀ ਹਾਸਲ ਕਰ ਸਕੇ।

---------------------------------------------------------------

2 ਪੰਜਾਬ ਐਨ.ਸੀ.ਸੀ ਬਟਾਲੀਅਨ ਹੈੱਡ-ਕੁਆਰਟਰ, ਜਲੰਧਰ ਵਿਖੇ, ਐਨ.ਸੀ.ਸੀ ਅਧਿਕਾਰੀਆਂ ਦੀ ਤਿਮਾਹੀ ਕਾਨਫਰੰਸ ਕਾਰਵਾਈ ਗਈ । ਕਾਨਫਰੰਸ ਵਿੱਚ 25 ਐਨ.ਸੀ.ਸੀ ਅਤੇ ਬਟਾਲੀਅਨ ਹੈੱਡ-ਕੁਆਰਟਰ ਦੇ ਅਧਿਕਾਰੀਆਂ ਨੇ ਹਿੱਸਾ ਲਿਆ। ਕਾਨਫਰੰਸ ਵਿੱਚ ਰਾਸ਼ਟਰੀ ਕੈਂਪ, ਆਉਂਦੇ ਸੰਯੁਕਤ ਸਿਖਲਾਈ ਕੈਂਪ, ਕੈਡਿਟਾਂ ਦੀ ਚੋਣ, ਭਾਰਤੀ ਫੌਜ ਦੇ ਅਫਸਰਾਂ ਅਤੇ ਟ੍ਰੇਨਰਾਂ ਲਈ ਪਾਠਕ੍ਰਮ ਜਿਹੇ ਵਿਸ਼ਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਕਮਾਂਡਿੰਗ ਅਫਸਰ ਕਰਨਲ ਵਿਨੋਦ ਜੋਸ਼ੀ ਨੇ ਕਿਹਾ ਕਿ ਐਨ.ਸੀ.ਸੀ. ਅਧਿਕਾਰੀ ਜੋ ਕਿ ਵਿਦਿਅਕ ਸੰਸਥਾਵਾਂ ਵਿੱਚ ਪ੍ਰੋਫੈਸਰ ਅਤੇ ਅਧਿਆਪਕ ਵੀ ਨੇ, ਐਨ.ਸੀ.ਸੀ. ਦੀ ਰੀੜ੍ਹ ਨੇ ਜੋ ਬਟਾਲੀਅਨ ਅਤੇ ਕੈਡਿਟਾਂ ਵਿਚਕਾਰ ਪੁਲ ਵਾਂਗ ਕੰਮ ਕਰਦੇ ਨੇ । ਐਨ.ਸੀ.ਸੀ ਅਧਿਕਾਰੀ ਕੈਡਿਟਾਂ ਨੂੰ ਜਨਵਰੀ ਅਤੇ ਫਰਵਰੀ ਦੇ ਮਹੀਨਿਆਂ ਵਿੱਚ ਹੋਣ ਵਾਲੀਆਂ ਵੱਖ-ਵੱਖ

ਪ੍ਰੀਖਿਆਵਾਂ ਅਤੇ ਉਨ੍ਹਾਂ ਨੂੰ ਹਥਿਆਰਬੰਦ ਬਲਾਂ ਵਿੱਚ ਕਮਿਸ਼ਨ ਅਤੇ ਅਗਨੀਵੀਰ ਵਿੱਚ ਕਰੀਅਰ ਲਈ ਵੀ ਤਿਆਰ ਕਰਦੇ ਨੇ। ਉਨ੍ਹਾਂ ਦੇਖਭਾਲ ਕਰਨ ਵਾਲੇ ਅਧਿਕਾਰੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਪੀ.ਆਰ.ਸੀ.ਐਨ. ਕੋਰਸ ਨੂੰ ਸਮੇਂ ਸਿਰ ਪੂਰਾ ਕਰਨ। ਇਸ ਮੌਕੇ ਲੈਫਟੀਨੈਂਟ ਕੁਲਦੀਪ ਸ਼ਰਮਾ ਨੇ ਕਾਨਫਰੰਸ ਬਾਰੇ ਆਪਣਾ ਤਜ਼ਰਬਾ ਸਾਂਝਾ ਕੀਤਾ।

--------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਆਨਲਾਈਨ ਵਪਾਰਕ ਵੈੱਬਸਾਈਟ ਐਮਾਜ਼ੋਨ ਵੱਲੋਂ, ਪਾਵਨ ਗੁਰਬਾਣੀ ਦੀਆਂ ਸੈਂਚੀਆਂ ਤੇ ਗੁਟਕਾ ਸਾਹਿਬ ਵੇਚਣ ਦਾ ਸਖ਼ਤ ਨੋਟਿਸ ਲੈਂਦਿਆਂ, ਗੁਟਕਾ ਸਾਹਿਬ ਦੀ ਵਿਕਰੀ ਤੁਰੰਤ ਰੋਕਣ ਲਈ ਆਖਿਆ ਏ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸਿੱਖ ਧਰਮ ਨਾਲ ਸਬੰਧਤ ਪੋਥੀਆਂ ਅਤੇ ਪਵਿੱਤਰ ਗੁਟਕਾ ਸਾਹਿਬ ਨੂੰ ਇਸ ਐਪ ’ਤੇ ਆਨਲਾਈਨ ਵੇਚਣਾ ਹਰਗਿਜ਼ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ, ਕਿਉਂਕਿ ਇਸ ਦੇ ਸਟੋਰਾਂ ’ਤੇ ਪਾਵਨ ਪੋਥੀਆਂ ਦਾ ਸਤਿਕਾਰ ਕਾਇਮ ਨਹੀਂ ਰਹਿ ਸਕਦਾ। ਜਦੋਂ ਪਾਰਸਲ ਰਾਹੀਂ ਇਹ ਇਕ ਤੋਂ ਦੂਜੀ ਥਾਂ ’ਤੇ ਪੁੱਜਦੇ ਨੇ ਤਾਂ ਕੁਦਰਤੀ ਏ ਕਿ ਇਸ ਦੇ ਸਤਿਕਾਰ ਨੂੰ ਠੇਸ ਪੁੱਜਦੀ ਏ। ਉਨ੍ਹਾਂ ਕਿਹਾ

ਕਿ ਸਿੱਖ ਸੰਗਤਾਂ ਦੇ ਮਨਾਂ ਅੰਦਰ ਗੁਰਬਾਣੀ ਪ੍ਰਤੀ ਅਥਾਹ ਸ਼ਰਧਾ ਤੇ ਸਤਿਕਾਰ ਏ ਅਤੇ ਐਮਾਜ਼ੋਨ ਵੱਲੋਂ ਆਨਲਾਈਨ ਗੁਟਕਾ ਸਾਹਿਬਾਨ ਦੀ ਵਿਕਰੀ ਨਾਲ ਸਿੱਖ ਮਨਾਂ ਅੰਦਰ ਭਾਰੀ ਰੋਸ ਦੀ ਲਹਿਰ ਏ। ਹਰਜਿੰਦਰ ਸਿੰਘ ਧਾਮੀ ਨੇ ਐਮਾਜ਼ੋਨ ਨੂੰ ਆਪਣੀ ਵੈੱਬਸਾਈਟ ਤੋਂ ਪਾਵਨ ਗੁਰਬਾਣੀ ਦੇ ਗੁਟਕਾ ਸਾਹਿਬ ਨੂੰ ਤੁਰੰਤ ਹਟਾਉਣ ਲਈ ਕਿਹਾ। ਉਨ੍ਹਾਂ ਪਬਲੀਸ਼ਰਾਂ ਨੂੰ ਅਪੀਲ ਕੀਤੀ ਕਿ ਗੁਰਬਾਣੀ ਦੇ ਸਤਿਕਾਰ ਨੂੰ ਮੁੱਖ ਰੱਖਦਿਆਂ ਉਹ ਗੁਟਕਾ ਸਾਹਿਬ ਅਤੇ ਪਾਵਨ ਪੋਥੀਆਂ ਨੂੰ ਆਨਲਾਈਨ ਵੇਚਣ ਤੋਂ ਗੁਰੇਜ ਕਰਨ।

----------------------------------------------------

ਪੰਜਾਬ ਸਰਕਾਰ ਵਲੋਂ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਕਿਸਾਨਾਂ ਨੂੰ ਲਗਾਤਾਰ ਪ੍ਰੇਰਿਤ ਕੀਤਾ ਜਾ ਰਿਹਾ ਏ। ਇਸੇ ਤਹਿਤ ਮੁਹਾਲੀ ਜ਼ਿਲ੍ਹੇ ਨੂੰ ਖੇਤਾਂ ਵਿੱਚ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਤੋਂ ਮੁਕਤ ਰੱਖਣ ਲਈ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਨੇ ਬੀਤੇ ਦਿਨੀ ਰੁੜਕੀ ਪੁਖਤਾ, ਘੜੂੰਆਂ, ਮਾਮੂਪੁਰ ਅਤੇ ਕੁਰਾਲੀ ਖੇਤਰ ਵਿੱਚ ਕਿਸਾਨਾਂ ਅਤੇ ਪਿੰਡ ਵਾਸੀਆਂ ਨਾਲ ਮੀਟਿੰਗਾਂ ਕਰਕੇ ਉਨ੍ਹਾਂ ਨੂੰ ਰਹਿੰਦ-ਖੂੰਹਦ ਪ੍ਰਬੰਧਨ ਮਸ਼ੀਨਰੀ ਦੀ ਪਰਾਲੀ ਨੂੰ ਸਾੜਨ ਦੇ ਵਿਕਲਪ ਵਜੋਂ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ। ਇਨ੍ਹਾਂ ਪਿੰਡਾਂ ਵਿੱਚ ਆਸ-ਪਾਸ ਦੇ ਪਿੰਡਾਂ ਦੇ

ਕਿਸਾਨਾਂ, ਸਾਬਕਾ ਪੰਚਾਂ-ਸਰਪੰਚਾਂ ਅਤੇ ਨੰਬਰਦਾਰਾਂ ਨਾਲ ਗੱਲਬਾਤ ਕਰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਸੁਪਰੀਮ ਕੋਰਟ, ਕੌਮੀ ਗ੍ਰੀਨ ਟ੍ਰਿਬਿਊਨਲ ਦੇ ਸਖ਼ਤ ਨਿਰਦੇਸ਼ਾਂ ਅਨੁਸਾਰ ਸਰਕਾਰ ਨੇ ਇਸ ਵਾਰ ਪਰਾਲੀ ਸਾੜਨ ਲਈ ਨੀਤੀ ਤੈਅ ਕੀਤੀ ਏ, ਕਿਉਂਕਿ ਜ਼ਿਲੇ ਵਿੱਚ ਪਰਾਲੀ ਦੇ ਪ੍ਰਬੰਧਨ ਲਈ ਸਬਸਿਡੀ ਵਾਲੀ ਮਸ਼ੀਨਰੀ ਪਹਿਲਾਂ ਹੀ ਵੱਡੀ ਗਿਣਤੀ ਵਿੱਚ ਉਪਲਬਧ ਏ , ਇਸ ਲਈ ਸਾਨੂੰ ਪਰਾਲੀ ਨੂੰ ਅੱਗ ਲਗਾਉਣ ਤੋਂ ਬਚਣਾ ਚਾਹੀਦਾ ਏ । **ਓਧਰ ਫ਼ਰੀਦਕੋਟ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ** ਕਿਸਾਨਾਂ ਨੂੰ ਝੋਨੇ ਦੀ ਕਟਾਈ ਉਪਰੰਤ ਪਰਾਲੀ ਨੂੰ ਅੱਗ ਨਾ ਲਗਾਉਣ ਅਤੇ ਇਸ ਦੀ ਸੁਚੱਜੀ ਵਰਤੋਂ ਕਰਨ ਅਤੇ ਪਰਾਲੀ ਦੇ ਪ੍ਰਬੰਧਨ ਸਬੰਧੀ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਅੱਜ ਜ਼ਿਲ੍ਹੇ ਦੇ ਵੱਡੀ ਗਿਣਤੀ ਵਿੱਚ ਪਿੰਡਾਂ ਦੇ ਲੋਕਾਂ ,ਕਿਸਾਨਾਂ ਨੂੰ ਵਾਤਾਵਰਣ ਦੀ ਸੰਭਾਲ ਅਤੇ ਪਰਾਲੀ ਨੂੰ ਅੱਗ ਨਾ ਲਾਉਣ ਸਬੰਧੀ ਜਾਗਰੂਕ ਕੀਤਾ ਗਿਆ ।ਇਸ ਮੌਕੇ ਖੇਤੀਬਾੜੀ ਵਿਭਾਗ, ਜ਼ਿਲਾ ਪ੍ਰਸ਼ਾਸਨ, ਪੁਲਿਸ ਪ੍ਰਸ਼ਾਸ਼ਨ ਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੀਆਂ ਵੱਖ ਵੱਖ ਟੀਮਾਂ ਵੱਲੋਂ ਸੈਮੀਨਾਰ ਨੁੱਕੜ ਨਾਟਕ ਅਤੇ ਪੈਂਫਲਟ ਰਾਹੀਂ ਲੋਕਾਂ ਨੂੰ ਪਰਾਲੀ ਨਾਲ ਅੱਗ ਲਾਉਣ ਨਾਲ ਹੁੰਦੇ ਵੱਖ ਵੱਖ ਤਰ੍ਹਾਂ ਦੇ ਨੁਕਸਾਨਾਂ ਸਬੰਧੀ ਜਾਗਰੂਕ ਕੀਤਾ ਗਿਆ। ਕਪੂਰਥਲਾ ਜ਼ਿਲ੍ਹਾ ਪ੍ਰਸ਼ਾਸਨ ਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਵਲੋਂ ਪਰਾਲੀ ਨੂੰ ਅੱਗ ਨਾ

ਲਾਉਣ ਸਬੰਧੀ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਜ਼ਿਲ੍ਹੇ ਦੇ ਵੱਖ ਵੱਖ ਪਿੰਡਾਂ ਦਾ ਦੌਰਾ ਕਰਕੇ ਪਰਾਲੀ ਨੂੰ ਅੱਗ ਲਾਉਣ ਨਾਲ ਵਾਤਾਵਰਨ ਅਤੇ ਮਨੁੱਖੀ ਸਿਹਤ 'ਤੇ ਪੈਂਦੇ ਮਾੜੇ ਪ੍ਰਭਾਵਾਂ ਤੋ ਜਾਣੂ ਕਰਵਾਇਆ ਗਿਆ। ਮੁੱਖ ਖੇਤੀਬਾੜੀ ਅਫਸਰ ਡਾ.ਬਲਬੀਰ ਚੰਦ ਨੇ ਖੇਤੀਬਾੜੀ ਵਿਭਾਗ ਦੀ ਟੀਮ ਨਾਲ ਫਗਵਾੜਾ ਦੇ ਪਿੰਡ ਬਰਨ, ਰਾਣੀਪੁਰ, ਬੋਹਾਣੀ ਅਤੇ ਬਬੇਲੀ ਦਾ ਦੌਰਾ ਕਰਕੇ ਕਿਸਾਨਾਂ ਨੂੰ ਫਸਲੀ ਰਹਿੰਦ-ਖੂੰਹਦ ਦਾ ਸੁਚੱਜਾ ਪ੍ਰਬੰਧਨ ਕਰਨ ਦੀ ਅਪੀਲ ਕਰਦਿਆਂ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵਲੋਂ ਸਬਸਿਡੀ 'ਤੇ ਮੁਹੱਈਆ ਕਰਵਾਈਆਂ ਜਾ ਰਹੀਆਂ ਖੇਤੀ ਮਸ਼ੀਨਾਂ ਦੀ ਵਰਤੋਂ ਕਰਕੇ ਪਰਾਲੀ ਦਾ ਸਹੀ ਨਿਪਟਾਰਾ ਕਰਨ ਦੀ ਵੀ ਤਾਕੀਦ ਕੀਤੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਤੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੀਆਂ ਪੰਜ ਜਾਗਰੂਕਤਾ ਵੈਨਾਂ ਖੇਤੀ ਮਸ਼ੀਨਾਂ ਬਾਰੇ ਵੀ ਜਾਗਰੂਕ ਕਰ ਰਹੀਆਂ ਨੇ। ਉਨ੍ਹਾਂ ਇਹ ਵੀ ਦੱਸਿਆ ਕਿ ਜਿਲ੍ਹੇ ਵਿਚ ਲਗਭਗ 32 ਦੇ ਕਰੀਬ ਬੇਲਰ ਵੀ ਚੱਲ ਰਹੇ ਹਨ ਤਾਂ ਜੋ ਪਰਾਲੀ ਨੂੰ ਗੱਠਾਂ ਬਣਾਕੇ ਬਾਇਲਰ ਯੂਨਿਟਾਂ ਵਿਚ ਬਾਲਣ ਦੇ ਤੌਰ ’ਤੇ ਵਰਤਿਆ ਜਾ ਰਿਹਾ ਏ। **ਅੰਮ੍ਰਿਤਸਰ ਦੇ ਡਿਪਟੀ** ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਨੇ ਪਿੰਡਾਂ ਦੇ ਦੌਰੇ ਦੌਰਾਨ ਵਡਾਲਾ ਜੌਹਲ ਦੇ ਖੇਤਾਂ ਵਿੱਚੋਂ ਧੂੰਆਂ ਨਿਕਲਦਾ ਵੇਖਿਆ ਤਾਂ ਉਹ ਗੱਡੀਆਂ ਲੈ ਕੇ ਮੌਕੇ 'ਤੇ ਪਹੁੰਚੇ। ਜਿੱਥੇ ਇੱਕ ਕਿਸਾਨ ਨੇ ਪਰਾਲੀ ਨੂੰ ਅੱਗ ਲਗਾਈ ਹੋਈ ਸੀ। ਉਨਾਂ

ਤੁਰੰਤ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਨੂੰ ਮੌਕੇ ਤੇ ਬੁਲਾ ਕੇ ਅੱਗ ਬੁਝਾਈ ਅਤੇ ਕਿਸਾਨ ਦੇ ਹੀ ਟਰੈਕਟਰਾਂ ਨਾਲ ਅੱਗ ਉੱਤੇ ਕਾਬੂ ਪਾਇਆ। ਇਸੇ ਦੌਰਾਨ ਬਾਬਾ ਬਕਾਲਾ ਸਾਹਿਬ ਦੇ ਐਸ.ਡੀ.ਐਮ ਅਮਨਪ੍ਰੀਤ ਸਿੰਘ ਨੇ ਆਪਣੇ ਇਲਾਕੇ ਵਿੱਚ ਲੱਗੀ ਅੱਗ ਨੂੰ ਮੌਕੇ ਉੱਤੇ ਪਹੁੰਚ ਕੇ ਬੁਝਾਉਣ ਵਿੱਚ ਸਫਲਤਾ ਪ੍ਰਾਪਤ ਕੀਤੀ।

---------------------------------------------------------------

ਐਸ.ਏ.ਐਸ.ਨਗਰ ਪੁਲਿਸ ਨੇ ਕੌਮਾਂਤਰੀ ਨਸ਼ਾ ਤਸਕਰੀ ਸਿੰਡੀਕੇਟ, ਜੋ ਸੂਬੇ ਵਿੱਚ ਹੈਰੋਇਨ ਦੀ ਤਸਕਰੀ ਲਈ ਜੈਕਟਾਂ ਦੀ ਵਰਤੋਂ ਕਰਦਾ ਸੀ, ਦਾ ਪਰਦਾਫਾਸ਼ ਕਰਦਿਆਂ ਇਸਦੇ ਦੋ ਕਾਰਕੁਨਾਂ ਨੂੰ 500-500 ਗ੍ਰਾਮ ਹੈਰੋਇਨ ਨਾਲ ਭਰੀਆਂ ਤਿੰਨ ਹਾਫ ਸਲੀਵ ਜੈਕਟਾਂ ਸਮੇਤ ਗ੍ਰਿਫਤਾਰ ਕੀਤਾ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਚੰਡੀਗੜ੍ਹ ਵਿਚ ਦੱਸਿਆ ਕਿ ਫੜੇ ਗਏ ਮੁਲਜ਼ਮਾਂ ਦੀ ਪਛਾਣ ਫਰੀਦਕੋਟ ਦੇ ਭਾਨਾ ਵਾਸੀ ਸੁਖਦੀਪ ਸਿੰਘ ਉਰਫ ਰਾਜਾ ਅਤੇ ਰੋਹਤਕ ਦੇ ਅਜੈਬ ਵਾਸੀ ਕ੍ਰਿਸ਼ਨ ਵਜੋਂ ਹੋਈ ਏ ਉਹਨਾਂ ਦੱਸਿਆ ਕਿ ਮੁਲਜ਼ਮਾਂ ਕੋਲੋਂ ਡੇਢ ਕਿਲੋਗ੍ਰਾਮ ਹੈਰੋਇਨ ਬਰਾਮਦ ਕਰਨ ਤੋਂ ਇਲਾਵਾ, ਪੁਲਿਸ ਟੀਮਾਂ ਨੇ ਉਨ੍ਹਾਂ ਦੀ ਕਾਰ ਨੂੰ ਵੀ ਜ਼ਬਤ ਕੀਤਾ ਏ, ਜਿਸ ਨੂੰ ਉਹ ਟੈਕਸੀ ਵਜੋਂ ਵਰਤਕੇ ਉਸ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰ ਰਹੇ ਸਨ। ਡੀ.ਜੀ.ਪੀ ਗੌਰਵ

ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ  ਕਿ ਨਸ਼ੀਲੇ ਪਦਾਰਥਾਂ ਦੀ ਇਹ ਖੇਪ ਦਿੱਲੀ ਸਥਿਤ ਅਫਗਾਨ ਨਾਗਰਿਕ ਤੋਂ ਖਰੀਦੀ ਗਈ ਸੀ, ਜਿਸ ਨਾਲ ਇਸ ਨੈੱਟਵਰਕ ਦੇ ਅੰਤਰਰਾਸ਼ਟਰੀ ਡਰੱਗ ਕਾਰਟਿਲ ਨਾਲ ਸਬੰਧਾਂ ਦਾ ਪਰਦਾਫਾਸ਼ ਹੋਣ ਦੇ ਨਾਲ-ਨਾਲ ਇਹ ਸਾਹਮਣੇ ਆਇਆ ਏ  ਕਿ ਉਹ ਗ੍ਰਿਫਤਾਰੀ ਤੋਂ ਬਚਣ ਲਈ ਜੈਕਟਾਂ ਵਿੱਚ ਹੈਰੋਇਨ ਲੁਕਾ ਕੇ ਇਸ ਦੀ ਤਸਕਰੀ ਕਰਦੇ ਸਨ। ਉਨ੍ਹਾਂ ਦੱਸਿਆ ਕਿ ਮੁਢਲੀ ਪੁੱਛਗਿੱਛ ਦੌਰਾਨ ਕਾਬੂ ਕੀਤੇ ਮੁਲਜ਼ਮਾਂ ਨੇ ਖੁਲਾਸਾ ਕੀਤਾ ਕਿ ਉਨ੍ਹਾਂ ਨੇ ਪਿਛਲੇ ਦੋ ਮਹੀਨਿਆਂ ਦੌਰਾਨ ਕੋਟਕਪੂਰਾ ਦੇ ਨਸ਼ਾ ਤਸਕਰ ਲਖਵਿੰਦਰ ਸਿੰਘ ਨਾਲ ਮਿਲੀਭੁਗਤ ਕਰਕੇ ਹੈਰੋਇਨ ਦੀਆਂ ਚਾਰ ਖੇਪਾਂ ਦੀ ਤਸਕਰੀ ਕੀਤੀ ਸੀ ਅਤੇ ਹਾਲ ਹੀ ਵਿੱਚ ਸਤੰਬਰ ਦੇ ਅੱਧ ਵਿੱਚ 10 ਕਿਲੋ ਹੈਰੋਇਨ ਖਰੀਦੀ ਸੀ, ਜੋ ਮੋਗਾ ‘ਚ ਸਪਲਾਈ ਕੀਤੀ ਗਈ ਸੀ। ਨਸ਼ਿਆਂ ਨੂੰ ਰੋਕਣ ਬਾਰੇ ਐਕਟ ਦੇ ਘੱਟੋ-ਘੱਟ 10 ਮਾਮਲਿਆਂ  ਦਾ ਸਾਹਮਣਾ ਕਰ ਰਿਹਾ ਮੁਲਜ਼ਮ ਲਖਵਿੰਦਰ ਸਿੰਘ ਇਸ ਮਾਡਿਊਲ ਦਾ ਮੁੱਖ ਸਰਗਨਾ ਦੱਸਿਆ ਜਾ ਰਿਹਾ ਏ , ਜੋ ਨਸ਼ੇ ਦੇ ਪੂਰੇ ਨੈੱਟਵਰਕ ਨੂੰ ਚਲਾ ਰਿਹਾ ਸੀ। ਡੀ.ਜੀ.ਪੀ ਨੇ ਦੱਸਿਆ ਕਿ ਪੁਲਿਸ ਟੀਮਾਂ ਫਰਾਰ ਲਖਵਿੰਦਰ ਸਿੰਘ ਨੂੰ ਫੜਨ ਲਈ ਛਾਪੇਮਾਰੀ ਕਰ ਰਹੀਆਂ ਨੇ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਕੀਤੀ ਜਾ ਰਹੀ ਏ।

---------------------------------------------------

ਪਠਾਨਕੋਟ ਪੁਲਿਸ ਨੇ ਗੈਰ ਕਾਨੂੰਨੀ ਹਥਿਆਰ ਸਪਲਾਈ ਕਰਨ ਵਾਲੇ ਗਿਰੋਹ ਦੇ 5 ਜਣਿਆਂ ਨੂੰ ਕਾਬੂ ਕਰਕੇ ਇਕ 12 ਬੋਰ ਰਾਈਫਲ, 4 ਪਿਸਤੌਲ ਅਤੇ 12 ਅਣਚਲੇ ਰੋਂਦਾ ਬਰਾਮਦ ਕੀਤੇ ਨੇ। ਪੁਲਿਸ ਅਧਿਕਾਰੀਆਂ ਨੇ ਦਸਿਆ ਕਿ ਪੁਲਿਸ ਨੂੰ ਖਬਰ ਮਿਲੀ ਕਿ ਸ਼ਹਿਰ ਕੁਝ ਲੋਕ ਨਜਾਇਜ਼ ਹਥਿਆਰਾਂ ਨਾਲ ਘੁੰਮ ਰਹੇ ਨੇ ਇਸਤੇ ਕਾਰਵਾਈ ਕਰਦਿਆਂ ਪੁਲਿਸ ਨੇ ਪਠਾਨਕੋਟ ਦੇ ਸਲਾਰਿਆ ਨਗਰ ਮੋੜ ਤੇ ਨਾਕਾ ਲਗਾਇਆ ਅਤੇ ਇਕ ਮੋਟਰਸਾਈਕਲ ਸਵਾਰ ਲੋਕਾਂ ਤੋਂ ਤਲਾਸ਼ੀ ਦੌਰਾਨ ਇਹ ਕਾਰਤੂਸ ਬਰਾਮਦ ਕੀਤੇ ਗਏ। ਅਧਿਕਾਰੀਆਂ ਨੇ ਦੱਸਿਆ ਕਿ ਇਹ ਲੋਕ ਹਥਿਆਰ ਸਪਲਾਈ ਕਰਨ ਦਾ ਕੰਮ ਕਰਦੇ ਨੇ ਅਤੇ ਇਹ੍ਨਾਂ ਤੇ ਪਹਿਲਾਂ ਵੀ ਮਾਮਲੇ ਦਰਜ ਨੇ , ਇਸ ਸਬੰਧੀ ਤਫਤੀਸ਼ ਜਾਰੀ ਏ।

---------------------------------------------------

ਬਰਨਾਲਾ ਸ਼ਹਿਰ ਨੂੰ ਅਪਰਾਧ ਮੁਕਤ ਬਣਾਉਣ ਲਈ ਪੁਲਿਸ ਵੱਲੋਂ ਸੁਰੱਖਿਆ ਪ੍ਰਬੰਧ ਕੀਤੇ ਜਾ ਰਹੇ ਨੇ। ਜਿਸ ਦੇ ਚਲਦੇ ਬਰਨਾਲਾ ਵਿਖੇ 130 ਨਵੇਂ ਕੈਮਰੇ ਲਗਵਾਏ ਜਾ ਰਹੇ ਨੇ। ਐਸ.ਐਸ.ਪੀ ਸੰਦੀਪ ਮਲਿਕ ਦੇ ਦਿਸ਼ਾ ਨਿਰਦੇਸ਼ਾਂ ਤੇ ਲੁਟਾਂ ਖੋਹਾਂ ਅਤੇ ਚੋਰੀ ਜਿਹੇ ਹੋਰ ਅਪਰਾਧਾਂ ਤੇ ਨਜ਼ਰ ਰੱਖਣ ਲਾਇ ਸੀਸੀਟੀਵੀ ਕੈਮਰੇ ਲਗਾਏ ਜਾ ਰਹੇ

ਨੇ ਜਿਨ੍ਹਾਂ ਤੇ ਕਰੀਬ 60 ਲੱਖ ਦੀ ਲਾਗਤ ਆਏਗੀ । ਉਨ੍ਹਾਂ ਦਸਿਆ ਕਿ ਐਚ.ਡੀ. ਕੈਮਰੇ ਲਗਾਏ ਜਾ ਰਹੇ ਨੇ ਉਹਨਾਂ ਦਾ ਕੰਟਰੋਲ ਰੂਮ, ਜ਼ਿਲਾ ਪੁਲਿਸ ਆਫਿਸ ਵਿੱਚ ਬਣਾਇਆ ਜਾਏਗਾ।

---------------------------------------------------------------

ਬਠਿੰਡਾ ਦੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਹਿੱਟ ਐਂਡ ਰਨ ਮਾਮਲਿਆਂ ਦੇ ਮੱਦੇਨਜ਼ਰ ਅਧਿਕਾਰੀਆਂ ਨਾਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਮੀਟਿੰਗ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ 15 ਦਿਨਾਂ ਦੇ ਅੰਦਰ-ਅੰਦਰ ਹਿਟ ਐਂਡ ਰਨ ਦੇ ਬਕਾਇਆ ਪਏ ਮਾਮਲਿਆਂ ਦਾ ਨਿਪਟਾਰਾ ਕਰਨਾ ਯਕੀਨੀ ਬਣਾਇਆ ਜਾਵੇ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਜ਼ਿਲ੍ਹੇ ਵਿੱਚ ਸੜਕ ਹਾਦਸਿਆਂ ਵਿੱਚ ਵਾਹਨਾਂ ਰਾਹੀਂ, ਹਿੱਟ ਐਂਡ ਰਨ ਮਾਮਲਿਆਂ ਅਤੇ ਆਵਾਰਾ ਪਸ਼ੂਆਂ ਨਾਲ ਹੋਣ ਵਾਲੇ ਹਾਦਸਿਆਂ ਦਾ ਵੱਖੋ-ਵੱਖ ਡਾਟਾ ਇਕੱਠਾ ਕਰਨ ਲਈ ਵੀ ਹੁਕਮ ਦਿੱਤੇ ਤਾਂ ਜੋ ਉਸ ਨੂੰ ਸਟੱਡੀ ਦੇ ਆਧਾਰ ’ਤੇ ਅਗਲੀ ਰਣਨੀਤੀ ਉਲੀਕਦਿਆਂ ਦੁਰਘਟਨਾਵਾਂ ਅਤੇ ਮੌਤ ਦਰ ਨੂੰ ਘਟਾਇਆ ਜਾ ਸਕੇ। ਡਿਪਟੀ ਕਮਿਸ਼ਨਰ ਨੇ ਖ਼ਾਸ ਤੌਰ ’ਤੇ ਪੁਲਿਸ ਅਧਿਕਾਰੀਆਂ ਨੂੰ ਕਿਹਾ ਕਿ ਟ੍ਰੈਫਿਕ ਨਿਯਮਾਂ ਦੀ ਉਲੰਘਣਾ

ਕਰਨ ਵਾਲੇ ਵਿਅਕਤੀਆਂ ’ਤੇ ਸਖ਼ਤੀ ਕੀਤੀ ਜਾਵੇ ਤਾਂ ਜੋ ਸੜਕ ਹਾਦਸਿਆਂ ’ਚ ਜਾਂਦੀਆਂ ਜਾਨਾਂ ਨੂੰ ਬਚਾਇਆ ਜਾ ਸਕੇ।

--------------------------------------------------------

ਮੁਹਾਲੀ ਦੇ ਪਿੰਡ ਘੜੂਆਂ ਸਥਿਤ ਚੰਡੀਗੜ੍ਹ ਯੂਨੀਵਰਸਿਟੀ ਵਿਖੇ ਤਿੰਨ ਰੋਜ਼ਾ ਚੌਥੇ ਆਲਮੀ ਸਿੱਖਿਆ ਸੰਮੇਲਨ-2024 ਦਾ ਆਗਾਜ਼ ਹੋਇਆ। ਇਸਦਾ ਉਦਘਾਟਨ ਭੌਤਿਕ ਵਿਗਿਆਨ ਦੇ ਖੇਤਰ ਵਿਚ ਡੱਚ ਨੋਬਲ ਪੁਰਸਕਾਰ ਜੇਤੂ, ਪ੍ਰੋ. ਜੇਰਾਰਡ ਟੀ ਹੂਫਟ ਨੇ ਕੀਤਾ । ਟਿਕਾਊ ਤੇ ਬਰਾਬਰੀ ਦੀ ਸਿੱਖਿਆ" ਵਿਸ਼ੇ ਅਧੀਨ ਕਰਵਾਏ ਗਏ ਇਸ ਸਿੱਖਿਆ ਸੰਮੇਲਨ 'ਚ ਚੰਡੀਗੜ੍ਹ ਯੂਨੀਵਰਸਿਟੀ ਦੇ ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ। ਇਸ ਸਮਿਟ ਦੇ ਦੂਜੇ ਦਿਨ " ਨਵੀਂ ਸਿੱਖਿਆ ਨੀਤੀ- 2020 " ਦੇ ਤਹਿਤ ਯੂਨੀਵਰਸਿਟੀ ਵਲੋਂ ਸਾਂਝੀ ਖੋਜ, ਅਕਾਦਮਿਕ ਸਹਿਯੋਗ ਅਤੇ ਵਿਦਿਆਰਥੀ ਐਕਸਚੇਂਜ ਪ੍ਰੋਗਰਾਮਾਂ ਲਈ ਚੋਟੀ ਦੀਆਂ ਵਿਦੇਸ਼ ਯੂਨੀਵਰਸਿਟੀਆਂ ਨਾਲ ਸਮਝੌਤਿਆਂ ਹਸਤਾਖਰ ਕੀਤੇ ਜਾਣਗੇ।

--------------------------------------------------------

## ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਹੁਣ ਤੋਂ ਥੋੜੀ ਦੇਰ ਬਾਅਦ, ਨਵੀਂ ਦਿੱਲੀ ਵਿੱਚ ਕੌਟਿਲਿਆ ਆਰਥਿਕ ਸੰਮੇਲਨ ਨੂੰ ਸੰਬੋਧਨ ਕਰਨਗੇ।
- ਹਰਿਆਣਾ ਵਿਧਾਨ ਸਭਾ ਚੋਣਾਂ ਲਈ, ਭਲਕੇ ਹੋਣ ਵਾਲੀ ਵੋਟਿੰਗ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ।
- ਪੰਜਾਬ ਦੇ ਉਦਯੋਗ ਤੇ ਵਣਜ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵਲੋਂ ਸੂਬੇ ‘ਚ ਉਦਯੋਗਾਂ ਲਈ ਹੋਰ ਸੁਖਾਵਾਂ ਮਾਹੌਲ ਬਣਾਉਣ ਦੇ ਨਿਰਦੇਸ਼ ।
- ਪੰਜਾਬ ਸਰਕਾਰ ਵਲੋਂ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਕਿਸਾਨਾਂ ਨੂੰ ਲਗਾਤਾਰ ਪ੍ਰੇਰਿਤ ਕੀਤਾ ਜਾ ਰਿਹਾ ਏ ।
- ਪੰਜਾਬ ਪੁਲਿਸ ਨੇ ਕੌਮਾਂਤਰੀ ਡਰੱਗ ਸਿੰਡੀਕੇਟ ਦਾ ਪਰਦਾਫਾਸ਼ ਕਰਦਿਆਂ ਡੇਢ ਕਿਲੋ ਹੈਰੋਇਨ ਸਮੇਤ ਦੋ ਮੁਲਜ਼ਮ ਕਾਬੂ ਕੀਤੇ।